ਨੰ: SED-EDU303/96/2024-3EDU3 I/872019/2024

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,

Arihaan International School,

Sharma Store, Bhakra Dam Road,

Nangal Distt. Ropar(Pb).

ਮਿਤੀ, ਚੰਡੀਗੜ੍ਹ: 28.06.2024

ਵਿਸ਼ਾ:- Arihaan International School, Sharma Store, Bhakra Dam Road, Nangal Distt. Ropar ਨੂੰ ਸੀ.ਬੀ.ਐਸ.ਈ ਬੋਰਡ ਨਾਲ ਐਫੀਲੀਏਸ਼ਨ ਲੈਣ ਲਈ ਦਸਵੀਂ ਪੱਧਰ ਤੱਕ ਦਾ ਇਤਰਾਜਹੀਣਤਾ ਸਰਟੀਫਿਕੇਟ (ਐਨ.ਓ.ਸੀ.) ਅਤੇ ਮਾਨਤਾ ਜਾਰੀ ਕਰਨ ਸਬੰਧੀ।

******

ਉਪਰਕੋਤ ਵਿਸ਼ੇ ਤੇ ਆਪ ਵੱਲੋਂ ਪੋਰਟਲ ਤੇ ਐਪਲੀਕੇਸ਼ਨ ਨੰ 9320520628 ਰਾਹੀਂ ਅਪਲਾਈ ਕੀਤੇ ਕੇਸ ਦੇ ਹਵਾਲੇ ਵਿੱਚ।

1. ਇਹ ਇਤਰਾਜਹੀਣਤਾ ਸਰਟੀਫਿਕੇਟ ਸਕੂਲ ਪ੍ਰਬੰਧਨ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ, ਜਿਲ੍ਹਾ ਪੱਧਰੀ ਕਮੇਟੀ ਦੀ ਨਿਰੀਖਣ ਰਿਪੋਰਟ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਰੋਪੜ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀ ਸਿਫਾਰਸ਼ਾਂ ਸਨਮੁੱਖ ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਦੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ 6 ਤਹਿਤ ਜਾਰੀ ਕੀਤਾ ਜਾਂਦਾ ਹੈ।

2. ਸਕੂਲ ਪ੍ਰਬੰਧਨ ਹੇਠ ਲਿਖਿਆਂ ਸ਼ਰਤਾਂ ਦੀ ਪਾਲਣਾ ਕਰਨ ਲਈ ਪਾਬੰਦ ਹੋਵੇਗਾ:-

ੳ) ਸਕੂਲ ਸਿੱਖਿਆ ਵਿਭਾਗ, ਪੰਜਾਬ ਸਰਕਾਰ ਵੱਲੋਂ ਜਾਰੀ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009, ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ 2011, ਪੰਜਾਬ ਰੈਗੂਲੇਸ਼ਨ ਆਫ ਫੀ ਆਫ ਅਨਏਡਿਡ ਐਜੂਕੇਸ਼ਨਲ ਇੰਨਸਟੀਟਿਊਸ਼ਨਜ਼ ਐਕਟ 2016 ਅਤੇ ਵਿਭਾਗ ਵਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਸਬੰਧਤ ਹਦਾਇਤਾਂ ਦੀ ਇੰਨ-ਬਿਨ ਪਾਲਣਾ।

ਅ) ਸਕੂਲ ਵਿੱਚ ਪੰਜਾਬੀ ਵਿਸ਼ਾ ਲਾਜ਼ਮੀ ਤੌਰ ਤੇ ਪੜ੍ਹਾਉਣਾ।

ੲ) ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਈਰ ਸੇਫਟੀ ਸਰਟੀਫਿਕੇਟ, ਪੀਣਯੋਗ ਪਾਈ ਦਾ ਸਰਟੀਫਿਕੇਟ ਅਤੇ ਹੋਰ ਲੋੜੀਂਦੇ ਇਤਰਾਜਹੀਣਤਾ ਸਰਟੀਫਿਕੇਟ ਸਮੇਂ ਸਿਰ ਰਿਨਿਊ ਕਰਵਾਉਣਾ।

ਸ) ਸਕੂਲ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਦੀ ਬੇਸਿਕ ਪੇਅ +ਗ੍ਰੇਡ ਪੇਅ ਦੇ ਆਧਾਰ ਤੇ ... ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ/ਆਨ-ਲਾਈਨ ਟਰਾਂਸਫਰ ਕਰਨਾ।

ਹ) ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦਾ ਸਕੂਲ ਦੇ ਨਿਰੀਖਣ ਦੌਰਾਨ ਸਹਿਯੋਗ ਕਰਨਾ। ਸਹਿਯੋਗ ਨਾ ਕਰਨ ਦੀ ਸੂਰਤ ਵਿੱਚ ਸਕੂਲ ਵਿਭਾਗ ਵਲੋਂ ਜਾਰੀ ਕੀਤੀਆਂ ਹਦਾਇਤਾਂ ਮਿਤੀ 26.11.2018 ਦੇ ਪੈਰ੍ਹਾ ਨੰ. 8 ਵਿੱਚ ਕੀਤੇ ਦੰਡ ਉਪਬੰਧਾਂ ਦਾ ਪਾਤਰ ਹੋਵੇਗਾ।

ਕ) ਮਾਨਯੋਗ ਹਾਈ ਕੋਰਟ ਵੱਲੋਂ ਰਿਟ ਪਟੀਸ਼ਨ ਨੰ. 17967 ਆਫ 2022 ਵਿੱਚ ਕੀਤੇ ਹੁਕਮ ਮਿਤੀ 17.08.2022 ਦੀ ਰੌਸ਼ਨੀ ਵਿੱਚ ਅਤੇ ਭਵਿੱਖ ਵਿੱਚ ਜੋ ਫੈਸਲਾ ਸੁਣਾਇਆ ਜਾਵੇਗਾ, ਉਹ ਸਕੂਲ ਨੂੰ ਇਤਰਾਜਹੀਣਤਾ ਸਰਟੀਫਿਕੇਟ ਮਿਲਣ ਦੀ ਮਿਤੀ ਤੋਂ ਲਾਗੂ ਹੋਵੇਗਾ।

4. ਉਪਰੋਕਤ ਦਰਸਾਈਆਂ ਸ਼ਰਤਾਂ ਦੀ ਉਲੰਘਣਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਰੱਦ ਕਰ ਦਿੱਤਾ ਜਾਵੇਗਾ।

**ਵਧੀਕ ਸਕੱਤਰ,**
**ਸਕੂਲ ਸਿੱਖਿਆ ਵਿਭਾਗ**

**ਪਿੱ:ਅੰ:ਨੰ** SED-EDU303/96/2024-3EDU3 I/872019/2024/2-4 **ਮਿਤੀ,ਚੰਡੀਗੜ੍ਹ: 28.06.2024**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ), ਪੰਜਾਬ, ਮੋਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਵਿਸ਼ਾ ਅੰਕਿਤ ਸਕੂਲ ਦਾ ਨਿਯਮਤ ਨਿਰੀਖਣ ਹਰ ਹਾਲਤ ਵਿੱਚ ਕਰਵਾਇਆ ਜਾਵੇ ਅਤੇ ਨਿਰੀਖਣ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਰੋਪੜ।
3. ਇੰਚਾਰਜ਼, ਮੈਨੇਜਮੈਂਟ ਇੰਨਫਾਰਮੇਸ਼ਨ ਸਿਸਟਮ (ਐਮ.ਆਈ.ਐਸ) ਨੂੰ ਪੋਰਟਲ ਤੇ ਕੇਸ ਦਾ ਸਟੇਟਸ ਅਪਡੇਟ ਕਰਨ ਸਬੰਧੀ ਲਿਖਿਆ ਜਾਂਦਾ ਹੈ।

**ਸੁਪਰਡੰਟ**